**16ਵੀਂ ਪੰਜਾਬ ਵਿਧਾਨ ਸਭਾ** **ਪੰਜਾਬ ਵਿਧਾਨ ਸਭਾ ਸਕੱਤਰੇਤ**

**ਤੇਰ੍ਹਵਾਂ ਸਮਾਗਮ, 2026** **ਬੁਲੇਟਿਨ ਨੰ: 07**

**ਵੀਰਵਾਰ, 22 ਅਕਤੂਬਰ, 2026**

(11.00 ਵਜੇ ਪੂਰਵ ਦੁਪਹਿਰ ਤੋਂ 11.10 ਵਜੇ ਪੂਰਵ ਦੁਪਹਿਰ ਤੱਕ)

**1. ਅਕਾਲ ਚਲਾਣਿਆਂ ਦਾ ਵਰਣਨ**

ਮਾਣਯੋਗ ਸਪੀਕਰ ਵੱਲੋਂ ਨਿਮਨਲਿਖਤ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ:-

1. ਸ੍ਰੀ ਚੂਨੀ ਲਾਲ ਭਗਤ, ਸਾਬਕਾ ਮੰਤਰੀ,ਪੰਜਾਬ;
2. ਸਰਦਾਰ ਵਰਿੰਦਰ ਸਿੰਘ ਬਾਜਵਾ,ਸਾਬਕਾ ਐਮ.ਪੀ, ਪੰਜਾਬ;
3. ਸਰਦਾਰ ਰਣਜੀਤ ਸਿੰਘ, ਸਾਬਕਾ ਐਮ.ਐਲ.ਏ; ਅਤੇ
4. ਡਾ. ਰਤਨ ਲਾਲ ਮਿੱਤਲ, ਉੱਘੇ ਡਾਕਟਰ।

ਇਸ ਤੋਂ ਇਲਾਵਾ ਮਾਣਯੋਗ ਸਪੀਕਰ ਵੱਲੋਂ ਸਮੁੱਚੇ ਪੰਜਾਬ ਵਿੱਚ ਨਸ਼ੇ ਦੀ ਬੁਰੀ ਅਲਾਮਤ ਵਿਰੁੱਧ ਨੌਜਵਾਨਾਂ ਅਤੇ ਬੱਚਿਆਂ ਨੂੰ ਜਾਗਰੂਕ ਕਰਨ ਅਤੇ ਨਸ਼ਾ ਰੂਪੀ ਜ਼ਹਿਰ ਨੂੰ ਵੇਚਣ ਵਾਲਿਆਂ ਵਿਰੁੱਧ ਜੂਝਣ ਵਾਲੀ ਬੁਲੰਦ ਆਵਾਜ਼, ਸਮਾਜਿਕ ਕਾਰਕੁੰਨ-, ਸਾਬਕਾ ਕਬੱਡੀ ਖਿਡਾਰੀ ਅਤੇ ਬੌਕਸਰ ਸਰਦਾਰ ਪਰਵਿੰਦਰ ਸਿੰਘ ਉਰਫ ਛੋਟਾ, ਸੰਗਰੂਰ ਜ਼ਿਲ੍ਹੇ ਵਿੱਚ ਗਰੀਬ ਪਰਿਵਾਰਾਂ ਨਾਲ ਸਬੰਧਤ ਅੱਠ ਮਗਨਰੇਗਾ ਮਜ਼ਦੂਰ ਅਤੇ ਮੌਜੂਦਾ ਵਿਧਾਇਕ ਸਰਦਾਰ ਮਨਜੀਤ ਸਿੰਘ ਬਿਲਾਸਪੁਰ ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਵਿਦਿਆ ਕੌਰ ਜੀ ਨੂੰ ਵੀ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਕੇ ਉਨ੍ਹਾਂ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਗਈ।

ਮਾਣਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਸ਼ਖਸੀਅਤਾਂ ਅਤੇ ਵਿਅਕਤੀਆਂ ਦੇ ਜੀਵਨ ਅਤੇ ਯੋਗਦਾਨ ਬਾਰੇ ਸਦਨ ਵਿੱਚ ਵਰਣਨ ਕਰਦੇ ਹੋਏ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਮੁੱਚੇ ਸਦਨ ਵੱਲੋਂ ਇਨ੍ਹਾਂ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।

ਮਾਣਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਐਲਾਨ ਕੀਤਾ ਗਿਆ ਕਿ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਅਤੇ ਵਿਅਕਤੀਆਂ ਦੇ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਸਦਨ ਦੇ ਸਾਰੇ ਮੈਂਬਰ ਸਾਹਿਬਾਨ ਨੇ ਦੋ ਮਿੰਟ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

**2. ਮਿਤੀ 22.10.2026 ਨੂੰ ਜਵਾਬ ਦੇਣ ਲਈ ਸੂਚੀਬੱਧ ਹੋਏ ਨਿਸ਼ਾਨ ਵਾਲੇ ਪ੍ਰਸ਼ਨਾਂ ਨੂੰ ਮੁਲਤਵੀ ਕਰਨ ਸਬੰਧੀ**

ਮਾਣਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਮਿਤੀ 22 ਅਕਤੂਬਰ, 2026 ਦੀ ਕਾਰਜਸੂਚੀ ਵਿੱਚ ਦਰਜ ਨਿਸ਼ਾਨ ਵਾਲੇ ਪ੍ਰਸ਼ਨਾਂ ਨੂੰ ਮਿਤੀ 23 ਅਕਤੂਬਰ, 2026 ਨੂੰ ਹੋਣ ਵਾਲੀ ਬੈਠਕ ਦੌਰਾਨ ਟੇਕ-ਅੱਪ ਕਰਨ ਦਾ ਐਲਾਨ ਕੀਤਾ ਗਿਆ।

ਉਪਰੰਤ ਸਦਨ ਸ਼ੁੱਕਰਵਾਰ, ਮਿਤੀ 23 ਅਕਤੂਬਰ, 2026 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ**

**22 ਅਕਤੂਬਰ, 2026**

**ਰਾਮ ਲੋਕ ਖਟਾਣਾ,**
**ਸਕੱਤਰ**
**ਪੰਜਾਬ ਵਿਧਾਨ ਸਭਾ।**